ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਕਪੂਰਥਲਾ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਚੋਣ ਰੈਲੀਆਂ ਸਬੰਧੀ ਮਨਾਹੀ ਦੇ ਹੁਕਮ ਜਾਰੀ

ਕਪੂਰਥਲਾ , 09 ਜਨਵਰੀ :

ਜ਼ਿਲ੍ਹਾ ਮੈਜਿਸਟਰੇਟ ਕਪੂਰਥਲਾ ਸ੍ਰੀ ਮਤੀ ਦੀਪਤੀ ਉੱਪਲ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਤੇ ਕੌਮੀ ਆਫ਼ਤ ਪ੍ਰਬੰਧਨ ਕਾਨੂੰਨ 2005 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਕਪੂਰਥਲਾ ਦੀ ਹਦੂਦ ਅੰਦਰ ਰੋਡ ਸ਼ੋਅ, ਪੈਦਲ ਯਾਤਰਾ, ਸਾਈਕਲ/ਬਾਈਕ/ਵਾਹਨ ਅਤੇ ਜਲੂਸ ਕੱਢਣ ‘ਤੇ ਰੋਕ ਲਗਾ ਦਿੱਤੀ ਹੈ। ਇਸੇ ਤਰ੍ਹਾਂ ਸਿਆਸੀ ਪਾਰਟੀਆਂ ਅਤੇ ਸੰਭਾਵਿਤ ਉਮੀਦਵਾਰਾਂ ਜਾਂ ਇਲੈਕਸ਼ਨ ਨਾਲ ਸਬੰਧਤ ਹੋਰ ਸਮੂਹਾਂ ‘ਤੇ ਫਿਜ਼ੀਕਲ ਰੈਲੀਆਂ ਕਰਨ ‘ਤੇ ਰੋਕ ਲਗਾ ਦਿੱਤੀ ਹੈ। ਇਹ ਹੁਕਮ 15 ਜਨਵਰੀ, 2022 ਤੱਕ ਲਾਗੂ ਰਹਿਣਗੇ।

ਜਾਰੀ ਹੁਕਮਾਂ ਵਿੱਚ ਜ਼ਿਲ੍ਹਾ ਮੈਜਿਟਰੇਟ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ 15 ਜਨਵਰੀ ਤੋਂ ਬਾਅਦ ਕੋਵਿਡ ਦੀ ਮੌਕੇ ਦੀ ਸਥਿਤੀ ਅਨੁਸਾਰ ਸੋਧੀਆਂ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ। ਹੁਕਮਾਂ ਦਾ ਉਲੰਘਣ ਕਰਨ ‘ਤੇ ਆਫ਼ਤ ਪ੍ਰਬੰਧਨ ਕਾਨੂੰਨ 2005 ਦੀ ਧਾਰਾ 51-60 ਅਤੇ ਭਾਰਤੀ ਦੰਡ ਸੰਹਿਤਾ 1860 ਦੀਆਂ ਧਾਰਾਂਵਾਂ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਐੱਸ. ਐੱਸ. ਪੀ. ਕਪੂਰਥਲਾ ਅਤੇ ਸਮੂਹ ਐੱਸ. ਡੀ. ਐੱਮਜ਼ ਇਹਨਾਂ ਹੁਕਮਾਂ ਨੂੰ ਇੰਨ-ਬਿੰਨ ਲਾਗੂ ਕਰਨਾ ਯਕੀਨੀ ਬਣਾਉਣਗੇ।